# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 28-07-2025**

## <u>ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ</u>

- ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਜੁਆਬ ‘ਚ ਅਪ੍ਰੇਸ਼ਨ ਸਿੰਦੂਰ ‘ਤੇ ਸੰਸਦ ਦੇ ਮਾਨਸੂਨ ਇਜਲਾਸ ‘ਚ ਵਿਸ਼ੇਸ਼ ਚਰਚਾ ਸ਼ੁਰੂ ਹੋਈ. ਰਖਿਆ ਮੰਤਰੀ RAJNATH ਸਿੰਘ ਨੇ ਲੋਕ ਸਭਾ ‘ਚ ਅਪ੍ਰੇਸ਼ਨ ਸਿੰਦੂਰ ‘ਤੇ ਬਿਆਨ ਦਿੱਤਾ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਖਟਕੜ ਕਲਾਂ ਵਿਖੇ ਸ਼ਹੀਦ – ਏ – ਆਜ਼ਮ ਭਗਤ ਸਿੰਘ ਵਿਰਾਸਤੀ ਕੰਪਲੈਕਸ ਦਾ ਨੀਂਹ ਪਥਰ ਰਖਿਆ .
- ਸੂਬੇ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਦੇ ਸਿਵਲ ਹਸਪਤਾਲ ‘ਚ ਵਾਪਰੀ ਦੁਖਦ ਘਟਨਾ ਬਾਰੇ ਕਿਹਾ ਏ ਕਿ ਦੋਸ਼ੀਆਂ ਨੂੰ ਸਖਤ ਸਜ਼ਾ ਦਿੱਤੀ ਜਾਏਗੀ

- ਅੱਜ ਵਿਸ਼ਵ ਹੈਪੇਟਾਈਟਿਸ ਦਿਵਸ ਮਨਾਇਆ ਜਾ ਰਿਹਾ ਏ।
- ਦਿਵਿਆ ਦੇਸ਼ਮੁਖ ਅੱਜ ਔਰਤਾਂ ਦੇ FIDE ਵਿਸ਼ਵ ਕੱਪ 2025 ਵਿੱਚ ਆਪਣੀ ਜਿੱਤ ਨਾਲ ਗ੍ਰੈਂਡਮਾਸਟਰ ਦਾ ਖਿਤਾਬ ਹਾਸਲ ਕਰਨ ਵਾਲੀ ਚੌਥੀ ਭਾਰਤੀ ਔਰਤ ਬਣ ਗਈ ਏ।

## ਹੁਣ ਖ਼ਬਰਾਂ ਵਿਸਥਾਰ ਨਾਲ....

ਲੋਕ ਸਭਾ ਨੇ ਪਹਿਲਗਾਮ ਵਿੱਚ ਹੋਏ ਦਹਿਸ਼ਤਗਰਦ ਹਮਲੇ ਦੇ ਜਵਾਬ ਵਿੱਚ ਭਾਰਤ ਦੇ ਮਜ਼ਬੂਤ, ਸਫਲ ਅਤੇ ਫੈਸਲਾਕੁੰਨ ਆਪ੍ਰੇਸ਼ਨ ਸਿੰਦੂਰ 'ਤੇ ਵਿਸ਼ੇਸ਼ ਚਰਚਾ ਸ਼ੁਰੂ ਹੋਈ ।ਹੇਠਲੀ ਸਭਾ ਵਿੱਚ ਚਰਚਾ ਸ਼ੁਰੂ ਕਰਦਿਆਂ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ, ਆਪ੍ਰੇਸ਼ਨ ਸਿੰਦੂਰ ਸਿਰਫ਼ ਇੱਕ ਫੌਜੀ ਕਾਰਵਾਈ ਨਹੀਂ ਸੀ, ਸਗੋਂ ਭਾਰਤ ਦੀ ਪ੍ਰਭੂਸੱਤਾ, ਇਸਦੀ ਪਛਾਣ ਅਤੇ ਨਾਗਰਿਕਾਂ ਪ੍ਰਤੀ ਸਰਕਾਰ ਦੀ ਜ਼ਿੰਮੇਵਾਰੀ ਅਤੇ ਦਹਿਸ਼ਤਗਰਦੀ ਵਿਰੁੱਧ ਇਸਦੀ ਨੀਤੀ ਦਾ ਇੱਕ ਪ੍ਰਭਾਵਸ਼ਾਲੀ ਅਤੇ ਫੈਸਲਾਕੁੰਨ ਵਿਖਾਲਾ ਸੀ। ਸ਼੍ਰੀ ਸਿੰਘ ਨੇ ਕਿਹਾ ਕਿ ਜੰਮੂ-ਕਸ਼ਮੀਰ ਵਿੱਚ ਪਹਿਲਗਾਮ ਦਹਿਸ਼ਤਗਰਦ ਹਮਲੇ ਤੋਂ ਬਾਅਦ

ਸ਼ੁਰੂ ਕੀਤਾ ਗਿਆ, ਆਪ੍ਰੇਸ਼ਨ ਸਿੰਦੂਰ ਦੇਸ਼ ਦੀਆਂ ਹਥਿਆਰਬੰਦ ਫੌਜਾਂ ਵਲੋਂ ਨੈਂ ਦਹਿਸ਼ਤਗਰਦ ਢਾਂਚਿਆਂ ਨੂੰ ਸਟੀਕਤਾ ਨਾਲ ਨਿਸ਼ਾਨਾ ਬਣਾਉਣ ਵਾਲੀ ਇੱਕ ਸੁਚੱਜੀ ਅਤੇ ਤਾਲਮੇਲ ਵਾਲੀ ਕਾਰਵਾਈ ਸੀ-

**Byte**

ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਕਾਰਵਾਈ ਵਿੱਚ ਸੌ ਤੋਂ ਵੱਧ ਦਹਿਸ਼ਤ ਗਰਦ, ਉਨ੍ਹਾਂ ਦੇ ਟ੍ਰੇਨਰ ਅਤੇ ਹੈਂਡਲਰ ਮਾਰੇ ਗਏ ਸਨ ਜਿਨ੍ਹਾਂ ਵਿੱਚੋਂ ਜ਼ਿਆਦਾਤਰ ਜੈਸ਼-ਏ-ਮੁਹੰਮਦ, ਲਸ਼ਕਰ-ਏ-ਤੋਇਬਾ ਅਤੇ ਹਿਜ਼ਬੁਲ ਮੁਜਾਹਿਦੀਨ ਵਰਗੇ ਦਹਿਸ਼ਤਗਰਦ ਧੜਿਆਂ ਨਾਲ ਜੁੜੇ ਹੋਏ ਸਨ-

**Byte**

ਸ਼੍ਰੀ ਸਿੰਘ ਨੇ ਕਿਹਾ ਕਿ ਇਸ ਆਪ੍ਰੇਸ਼ਨ ਦਾ ਉਦੇਸ਼ ਪਾਕਿਸਤਾਨ ਨੂੰ ਇੱਕ ਸਪੱਸ਼ਟ ਸੰਦੇਸ਼ ਦੇਣਾ ਸੀ ਕਿ ਭਾਰਤ ਦਹਿਸ਼ਤਗਰਦੀ ਨੂੰ ਬਿਲਕੁਲ ਵੀ ਬਰਦਾਸ਼ਤ ਨਹੀਂ ਕਰੇਗਾ. ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪਾਕਿਸਤਾਨ ਭਾਰਤ ਦੀ ਕਿਸੇ ਥਾਂ ਨੂੰ ਵੀ ਨਿਸ਼ਾਨਾ ਬਣਾਉਣ ਵਿੱਚ ਅਸਮਰੱਥ ਸੀ ਅਤੇ ਕਿਸੇ ਵੀ ਮਹੱਤਵਪੂਰਨ ਅਸਾਸੇ ਨੂੰ ਨੁਕਸਾਨ ਨਹੀਂ

ਪਹੁੰਚਿਆ। ਸ੍ਰੀ ਸਿੰਘ ਨੇ ਕਿਹਾ ਕਿ ਭਾਰਤੀ ਹਵਾਈ ਫੌਜ ਦੇ ਵੱਡੇ ਹਮਲੇ, ਫੌਜ ਵਲੋਂ ਸਖ਼ਤ ਜਵਾਬੀ ਕਾਰਵਾਈ ਅਤੇ ਸਮੁੰਦਰੀ ਫੌਜ ਦੇ ਹਮਲਿਆਂ ਦੇ ਡਰ ਨੇ ਪਾਕਿਸਤਾਨ ਨੂੰ ਆਤਮ ਸਮਰਪਣ ਕਰਨ ਲਈ ਮਜਬੂਰ ਕੀਤਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਸਰਕਾਰ ਦਾ ਸਟੈਂਡ ਬਿਲਕੁਲ ਸਪੱਸ਼ਟ ਏ ਕਿ ਦਹਿਸ਼ਤਗਰਦੀ ਅਤੇ ਗੱਲਬਾਤ ਇਕੱਠੇ ਨਹੀਂ ਚੱਲ ਸਕਦੇ। ਬਹਿਸ ਜਾਰੀ ਏ . ਇਸ ਦੌਰਾਨ ਵਖ – ਵਖ ਮੁੱਦਿਆਂ 'ਤੇ ਵਿਰੋਧੀ ਧਿਰ ਦੇ ਹੰਗਾਮੇ ਕਾਰਣ ਰਾਜਸਭਾ ਦੀ ਕਾਰਵਾਈ ਦਿਨ ਭਰ ਲਈ ਉਠਾ ਦਿੱਤੀ ਗਈ ਏ.

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਖਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਦੇ ਦੇਸ਼ ਸੇਵਾ ਲਈ ਪਾਏ ਲਾਮਿਸਾਲ ਯੋਗਦਾਨ ਪ੍ਰਤੀ ਸਤਿਕਾਰ ਭੇਟ ਕਰਦਿਆਂ 'ਸ਼ਹੀਦ-ਏ-ਆਜ਼ਮ ਭਗਤ ਸਿੰਘ ਵਿਰਾਸਤੀ ਕੰਪਲੈਕਸ' ਦਾ ਨੀਂਹ ਪੱਥਰ ਰੱਖਿਆ। ਇਸ ਪ੍ਰਾਜੈਕਟ 'ਤੇ 51 ਕਰੋੜ 70 ਲੱਖ ਰੁਪਏ ਦੀ ਲਾਗਤ ਆਵੇਗੀ । ਓਹਨਾਂ ਦੱਸਿਆ ਕਿ ਇਹ ਪ੍ਰਾਜੈਕਟ 9 ਮਹੀਨਿਆਂ ਵਿੱਚ ਮੁਕੰਮਲ ਹੋਵੇਗਾ ਜੋ ਆਉਣ

ਵਾਲੀਆਂ ਪੀੜ੍ਹੀਆਂ ਨੂੰ ਦੇਸ਼ ਦੀ ਨਿਰਸਵਾਰਥ ਸੇਵਾ ਕਰਨ ਲਈ ਪ੍ਰੇਰਨਾ ਸਰੋਤ ਬਣੇਗਾ। ਮੁੱਖ ਮੰਤਰੀ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇ ਲਾਇਲਪੁਰ ਜੋ ਕਿ ਹੁਣ ਪਾਕਿਸਤਾਨ ਵਿਚ ਏ ਸਥਿਤ ਜੱਦੀ ਘਰ ਦਾ ਮਾਡਲ ਤਿਆਰ ਕੀਤਾ ਜਾਵੇਗਾ। ਇਸੇ ਤਰ੍ਹਾਂ ਸਰਦਾਰ ਭਗਤ ਸਿੰਘ ਦੇ ਜੱਦੀ ਪਿੰਡ ਨੂੰ ਵੱਖ-ਵੱਖ ਦ੍ਰਿਸ਼ਾਂ ਅਤੇ ਮਾਧਿਅਮਾਂ ਰਾਹੀਂ ਦਰਸਾਇਆ ਜਾਵੇਗਾ।

**byte**

ਪਹਿਲਾਂ ਬੀਤੇ ਸਾਲ ਦਸੰਬਰ ‘ਚ, ਭਾਰਤ ਸਰਕਾਰ ਨੇ 23 ਰਾਜਾਂ ਵਿੱਚ 40 ਪ੍ਰੋਜੈਕਟਾਂ ਨੂੰ ਮਨਜ਼ੂਰੀ ਦਿੱਤੀ ਸੀ ਤਾਂ ਜੋ ਉਨ੍ਹਾਂ ਨੂੰ ਪ੍ਰਤੀਕ ਸੈਰ-ਸਪਾਟਾ ਕੇਂਦਰਾਂ ਵਜੋਂ ਵਿਕਸਤ ਕੀਤਾ ਜਾ ਸਕੇ। ਖਟਕਲ ਕਲਾਂ ਓਹਨਾਂ ਪ੍ਰੋਜੈਕਟਾ ਵਿਚੋਂ ਇੱਕ ਏ ਜੋ ਭਗਤ ਸਿੰਘ ਦੀ ਬਹਾਦਰੀ ਅਤੇ ਦੇਸ਼ ਦੀ ਆਜ਼ਾਦੀ ਦੀ ਲੜਾਈ ਨੂੰ ਦਰਸਾਉਂਦਾ ਏ.

------------------------------------------------------------

ਜਲੰਧਰ ਦੇ ਸਥਾਨਕ ਸਿਵਲ ਹਸਪਤਾਲ ਵਿੱਚ ਆਕਸੀਜਨ ਪਲਾਂਟ ਵਿੱਚ ਤਕਨੀਕੀ ਨੁਕਸ ਕਾਰਨ ਪੰਜ ਮਰੀਜ਼ਾਂ ਵਿੱਚੋਂ ਤਿੰਨ ਦੀ

ਆਕਸੀਜਨ ਸਪਲਾਈ ਕੱਟੇ ਜਾਣ ਕਾਰਨ ਮੌਤ ਹੋ ਗਈ. ਇੱਕ ਹੋਰ ਮਰੀਜ਼ ਦੀ ਹਾਲਤ ਗੰਭੀਰ ਏ। ਰਾਜ ਦੇ ਸਿਹਤ ਮੰਤਰੀ ਬਲਬੀਰ ਸਿੰਘ ਨੇ ਦੇਰ ਰਾਤ ਹਸਪਤਾਲ ਦਾ ਦੌਰਾ ਕਰਨ ਤੋਂ ਬਾਅਦ ਜਾਂਚ ਦੇ ਹੁਕਮ ਦਿੱਤੇ। ਡਾਇਰੈਕਟਰ ਸਿਹਤ ਵਿਭਾਗ, ਅਨਿਲ ਗੋਇਲ ਅਧੀਨ ਜਾਚ ਟੀਮ ਦਾ ਗਠਨ ਕੀਤਾ ਗਿਆ ਏ. ਇਥੇ ਸਿਵਲ ਹਸਪਤਾਲ ਪੰਹੁਚੇ ਡਾ ਅਨਿਲ ਗੋਇਲ ਨੇ ਦੱਸਿਆ ਕਿ ਓਹਨਾਂ ਦੀ ਟੀਮ ਵਲੋ 48 ਘੰਟਿਆਂ ਵਿੱਚ ਮੁੱਢਲੀ ਰਿਪੋਰਟ ਸਰਕਾਰ ਨੂੰ ਸੌਂਪ ਦਿੱਤੀ ਜਾਏਗੀ

**byte**

ਹੁਣ ਤੱਕ ਦੀ ਜਾਂਚ ਵਿੱਚ oxygen plant ਦੇ ਬੰਦ ਹੋਣ ਤੇ oxygen ਦੀ ਸਪਲਾਈ ਦਾ ਬੰਦ ਹੋਣਾ ਘਟਨਾ ਦੇ ਕਾਰਣ ਵਜੋਂ ਸਾਹਮਣੇ ਆਇਆ ਏ ।

**byte**

ਇਸ ਦੌਰਾਨ ਸੂਬੇ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਵੀ ਹਸਪਤਾਲ ਵਿਖੇ ਪੰਹੁਚੇ ਤੇ ਭਰੋਸਾ ਦਿੱਤਾ ਸਰਕਾਰ ਜਲਦ ਤੋਂ ਜਲਦ ਇਸ ਘਟਨਾ ਦੀ ਜਾਂਚ ਕਰ ਦੋਸ਼ੀ ਨੂੰ ਸਖਤ ਤੋਂ ਸਖਤ ਸਜ਼ਾ ਦੇਵੇਗੀ।

--------------------------------------------------

ਲੁਧਿਆਣੇ ਦੇ ਮਾਣਕਵਾਲ ਪਿੰਡ ਤੋਂ 29 ਸ਼ਰਧਾਲੂਆਂ ਨੂੰ ਲੈ ਕੇ ਜਾ ਰਹੇ, ਸਮਰਥਾ ਤੋਂ ਵਧ ਸਵਾਰੀਆਂ ਨਾਲ ਭਰੇ ਇੱਕ ਵਾਹਨ ਦੇ, ਲੁਧਿਆਣਾ'ਚ ਸਰਹਿੰਦ ਨਹਿਰ ਵਿੱਚ ਡਿੱਗਣ ਕਾਰਨ ਦੋ ਬੱਚਿਆਂ ਅਤੇ ਤਿੰਨ ਔਰਤਾਂ ਸਮੇਤ ਛੇ ਵਿਅਕਤੀਆਂ ਦੀ ਮੌਤ ਹੋ ਗਈ। ਚਾਰ ਵਿਅਕਤੀ ਲਾਪਤਾ ਨੇ, ਅਤੇ 19 ਨੂੰ ਬਚਾ ਲਿਆ ਗਿਆ ਏ।

-----------------------------------------------

ਅਨੰਦਪੁਰ ਸਾਹਿਬ ਵਿਖੇ ਅੱਜ ਨੌਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਮਹਾਨ ਪਵਿੱਤਰ ਅਸਥਾਨ ਗੁਰਦਵਾਰਾ ਸੀਸ ਗੰਜ ਸਾਹਿਬ ਵਿਖੇ ਅਰਦਾਸ ਬੇਨਤੀ ਕਰਕੇ ਸ਼ਹਿਰ ਵਿੱਚ ਸਫਾਈ ਅਭਿਆਨ ਦੀ ਸ਼ੁਰੂਆਤ ਕੀਤੀ ਗਈ। ਨਵੰਬਰ ਮਹੀਨੇ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਗੁਰੂ ਸਾਹਿਬ ਦੇ ਸ਼ਹੀਦੀ ਦਿਹਾੜੇ ਦੀ 350 ਸਾਲਾ ਸ਼ਤਾਬਦੀ ਮਨਾਈ ਜਾ ਰਹੀ ਏ । ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਸਕੂਲੀ ਸਿਖਿਆ

ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਆਉਣ ਵਾਲੇ ਸਮੇਂ ਦੌਰਾਨ ਸ਼ਹਿਰ ਦੀ ਨਵੀਂ ਤਸਵੀਰ ਦੇਖਣ ਨੂੰ ਮਿਲੇਗੀ-

**Byte**

-------------------------------------------------------

ਅੱਜ ਵਿਸ਼ਵ ਹੈਪੇਟਾਈਟਿਸ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਹਰ ਸਾਲ 28 ਜੁਲਾਈ ਨੂੰ, ਵਾਇਰਲ ਹੈਪੇਟਾਈਟਿਸ, ਜੋ ਕਿ ਜਿਗਰ ਦੀ ਸੋਜਸ਼ ਜਿਸ ਨਾਲ ਜਿਗਰ ਦੀ ਗੰਭੀਰ ਬੀਮਾਰੀ ਅਤੇ ਜਿਗਰ ਦੇ ਕੈਂਸਰ ਹੋਣ ਦਾ ਖਤਰਾ ਹੁੰਦਾ ਏ, ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ। ਇਸ ਬੀਮਾਰੀ ਬਾਰੇ ਆਕਾਸ਼ਵਾਣੀ ਖਬਰਾਂ ਜਲੰਧਰ ਨਾਲ ਖਾਸ ਤੌਰ 'ਤੇ ਗੱਲਬਾਤ ਕਰਦਿਆਂ ਹੁਸ਼ਿਆਰ ਪੁਰ ਦੇ ਜ਼ਿਲਾ ਟੀਕਾਕਰਣ ਅਧਿਕਾਰੀ ਡਾ ਸੀਮਾ ਗਰਗ ਨੇ ਇਸਦੇ ਪ੍ਰਭਾਵਾਂ ਤੇ ਇਸ ਤੋਂ ਬਚਣ ਬਾਰੇ ਜਾਣਕਾਰੀ ਸਾਂਝੀ ਕੀਤੀ-

**Byte**

-------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਸ੍ਰੀ ਮੁਕਤਸਰ ਸਾਹਿਬ ਦੇ ਕੁਝ ਪਿੰਡਾਂ ਵਿਖੇ 'ਨਸ਼ਾ ਮੁਕਤੀ ਯਾਤਰਾ' ਤਹਿਤ ਲੋਕਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕੀਤਾ। ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਓਹਨਾਂ ਕਿਹਾ ਕਿ ਜੇਕਰ ਓਹਨਾਂ ਦੇ ਪਿੰਡ ਵਿੱਚ ਕੋਈ ਵੀ ਵਿਅਕਤੀ ਨਸ਼ਾ ਵੇਚਦਾ ਏ ਤਾਂ ਉਹ ਬੇਝਿਜਕ ਹੋ ਕੇ ਪੁਲਿਸ ਪ੍ਰਸ਼ਾਸਨ, ਉਹਨਾਂ ਨੂੰ ਜਾਂ ਫਿਰ ਪੰਜਾਬ ਸਰਕਾਰ ਵੱਲੋਂ ਜਾਰੀ ਵਟਸਐਪ ਨੰਬਰ 97 791-00 200 'ਤੇ ਇਤਲਾਹ ਕਰਨ। ਸੂਚਨਾ ਦੇਣ ਵਾਲੇ ਦਾ ਨਾਂ ਤੇ ਪਛਾਣ ਗੁਪਤ ਰੱਖੀ ਜਾਵੇਗੀ।

---------------------------------------------------------

ਦਿਵਿਆ ਦੇਸ਼ਮੁਖ ਅੱਜ ਔਰਤਾਂ ਦੇ FIDE ਵਿਸ਼ਵ ਕੱਪ 2025 ਵਿੱਚ ਆਪਣੀ ਜਿੱਤ ਨਾਲ ਗ੍ਰੈਂਡਮਾਸਟਰ ਦਾ ਖਿਤਾਬ ਹਾਸਲ ਕਰਨ ਵਾਲੀ ਚੌਥੀ ਭਾਰਤੀ ਔਰਤ ਬਣ ਗਈ ਏ। ਦਿਵਿਆ ਨੇ ਜਾਰਜੀਆ ਦੇ ਬਾਟੂਮੀ ਵਿੱਚ ਔਰਤਾਂ ਦੇ FIDE ਵਿਸ਼ਵ ਕੱਪ ਦੇ ਫਾਈਨਲ ਵਿੱਚ ਹਮਵਤਨ ਕੋਨੇਰੂ ਹੰਪੀ 'ਤੇ ਜਿੱਤ ਹਾਸਿਲ ਕੀਤੀ .

---------------------------------------------------------

- ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਜੁਆਬ ‘ਚ ਅਪ੍ਰੇਸ਼ਨ ਸਿੰਦੂਰ ‘ਤੇ ਸੰਸਦ ਦੇ ਮਾਨਸੂਨ ਇਜਲਾਸ ‘ਚ ਵਿਸ਼ੇਸ਼ ਚਰਚਾ ਸ਼ੁਰੂ ਹੋਈ. ਰਖਿਆ ਮੰਤਰੀ RAJNATH ਸਿੰਘ ਨੇ ਲੋਕ ਸਭਾ ‘ਚ ਅਪ੍ਰੇਸ਼ਨ ਸਿੰਦੂਰ ‘ਤੇ ਬਿਆਨ ਦਿੱਤਾ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਖਟਕੜ ਕਲਾਂ ਵਿਖੇ ਸ਼ਹੀਦ – ਏ – ਆਜ਼ਮ ਭਗਤ ਸਿੰਘ ਵਿਰਾਸਤੀ ਕੰਪਲੈਕਸ ਦਾ ਨੀਂਹ ਪਥਰ ਰਖਿਆ .
- ਸੂਬੇ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਜਲੰਧਰ ਦੇ ਸਿਵਲ ਹਸਪਤਾਲ ‘ਚ ਵਾਪਰੀ ਦੁਖਦ ਘਟਨਾ ਬਾਰੇ ਕਿਹਾ ਏ ਕਿ ਦੋਸ਼ੀਆਂ ਨੂੰ ਸਖਤ ਸਜ਼ਾ ਦਿੱਤੀ ਜਾਏਗੀ
- ਅੱਜ ਵਿਸ਼ਵ ਹੈਪੇਟਾਈਟਿਸ ਦਿਵਸ ਮਨਾਇਆ ਜਾ ਰਿਹਾ ਏ ।

ਦਿਵਿਆ ਦੇਸ਼ਮੁਖ ਅੱਜ ਔਰਤਾਂ ਦੇ FIDE ਵਿਸ਼ਵ ਕੱਪ 2025 ਵਿੱਚ ਆਪਣੀ ਜਿੱਤ ਨਾਲ ਗ੍ਰੈਂਡਮਾਸਟਰ ਦਾ ਖਿਤਾਬ ਹਾਸਲ ਕਰਨ ਵਾਲੀ ਚੌਥੀ ਭਾਰਤੀ ਔਰਤ ਬਣ ਗਈ ਏ ।